# India-China consultations on UNSC Issues

February 09, 2021

---

# ਸੰਯੁਕਤ ਰਾਸ਼ਟਰ ਸੁਰੱਖਿਆ ਪਰਿਸ਼ਦ ਨਾਲ ਜੁੜੇ ਮੁੱਦਿਆਂ 'ਤੇ ਭਾਰਤ-ਚੀਨ ਦਰਮਿਆਨ ਸਲਾਹ-ਮਸ਼ਵਰੇ

9 ਫਰਵਰੀ, 2021

1. ਭਾਰਤ ਅਤੇ ਚੀਨ ਦਰਮਿਆਨ ਸੰਯੁਕਤ ਰਾਸ਼ਟਰ ਸੁਰੱਖਿਆ ਪਰਿਸ਼ਦ ਨਾਲ ਜੁੜੇ ਮੁੱਦਿਆਂ 'ਤੇ ਅੱਜ ਵੀਟੀਸੀ ਪਲੇਟਫਾਰਮ ਰਾਹੀਂ ਦੁਵੱਲੇ ਵਿਚਾਰ ਵਟਾਂਦਰੇ ਹੋਏ।

2. ਚੀਨੀ ਵਫਦ ਦੀ ਅਗਵਾਈ ਚੀਨੀ ਵਿਦੇਸ਼ ਮੰਤਰਾਲੇ ਦੇ ਅੰਤਰਰਾਸ਼ਟਰੀ ਸੰਗਠਨ ਅਤੇ ਕਾਨਫਰੰਸ ਵਿਭਾਗ ਦੇ ਡਾਇਰੈਕਟਰ ਜਨਰਲ ਸ਼੍ਰੀ ਯਾਂਗ ਤਾਓ ਨੇ ਕੀਤੀ। ਭਾਰਤੀ ਵਫਦ ਦੀ ਅਗਵਾਈ ਸਾਂਝਾ ਸੱਕਤਰ (UNP ਅਤੇ ਸਿਖਰ ਸੰਮੇਲਨ) ਸ਼੍ਰੀ ਪ੍ਰਕਾਸ਼ ਗੁਪਤਾ ਨੇ ਕੀਤੀ, ਜਿਸ ਵਿੱਚ ਵਿਦੇਸ਼ ਮੰਤਰਾਲੇ ਦੇ ਪੂਰਬ ਏਸ਼ੀਆ (EA) ਅਤੇ ਸੰਯੁਕਤ ਰਾਸ਼ਟਰ ਆਰਥਿਕ ਅਤੇ ਸਮਾਜਿਕ (UNES) ਵਿਭਾਗਾਂ ਅਤੇ ਨਿਊਯਾਰਕ ਵਿਖੇ ਭਾਰਤ ਦੇ ਸਥਾਈ ਮਿਸ਼ਨ ਅਤੇ ਬੀਜਿੰਗ ਵਿੱਚ ਭਾਰਤੀ ਦੂਤਾਵਾਸ ਦੇ ਅਧਿਕਾਰੀ ਵੀ ਸ਼ਾਮਲ ਸਨ।

3. ਦੋਵਾਂ ਪੱਖਾਂ ਨੇ UNSC ਦੇ ਏਜੰਡੇ 'ਤੇ ਵੱਖ ਵੱਖ ਮੁੱਦਿਆਂ ਬਾਰੇ ਵਿਚਾਰ ਵਟਾਂਦਰੇ ਕੀਤੇ। ਭਾਰਤੀ ਵਫਦ ਨੇ ਸੰਯੁਕਤ ਰਾਸ਼ਟਰ ਸੁਰੱਖਿਆ ਪਰਿਸ਼ਦ ਵਿੱਚ ਆਪਣੇ ਕਾਰਜਕਾਲ ਦੌਰਾਨ ਭਾਰਤ ਦੀਆਂ ਤਰਜੀਹਾਂ ਬਾਰੇ ਚੀਨੀ ਪੱਖ ਨੂੰ ਦੱਸਿਆ। ਦੋਵੇਂ ਪੱਖਾਂ ਨੇ ਸੰਯੁਕਤ ਰਾਸ਼ਟਰ ਸੰਘ ਦੇ ਏਜੰਡੇ 'ਤੇ ਪ੍ਰਮੁੱਖ ਮੁੱਦਿਆਂ ਬਾਰੇ ਆਪਣੀ ਗੱਲਬਾਤ ਜਾਰੀ ਰੱਖਣ 'ਤੇ ਸਹਿਮਤੀ ਪ੍ਰਗਟਾਈ।

ਨਵੀਂ ਦਿੱਲੀ
9 ਫਰਵਰੀ, 2021

DISCLAIMER: This is an approximate translation. The original is available in English on MEA's website and may be referred to as the official press release.